## ਸੰਸਾਰ ਪਾਣੀ ਦਿਹਾੜੇ 'ਤੇ ਸੂਬਾ ਪੱਧਰੀ ਸੈਮੀਨਾਰ

# ਤੀਜੀ ਵਿਸ਼ਵ ਜੰਗ ਪਾਣੀ ਨੂੰ ਲੈ ਕੇ ਹੋਣ ਦਾ ਖਦਸ਼ਾ !

### ਬੋਰਡ ਚੇਅਰਮੈਨ ਨੇ ਕਾਰਸੇਵਾ ਖਡੂਰ ਸਾਹਿਬ ਲਈ ਦਿੱਤੇ 1 ਲੱਖ ਰੁਪਏ

ਖਡੂਰ ਸਾਹਿਬ, 22 ਮਾਰਚ (ਕੁਲਾਰ)- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਕਾਰਸੇਵਾ ਖਡੂਰ ਸਾਹਿਬ ਅਤੇ ਨਿਸ਼ਾਨ-ਏ-ਸਿੱਖੀ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਸੰਸਾਰ ਪਾਣੀ ਦਿਹਾੜੇ 'ਤੇ ਪਾਣੀ ਅਤੇ ਕੁਦਰਤ-ਪੱਖੀ ਵਿਕਾਸ ਵਿਸ਼ੇ 'ਤੇ ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਦੇ ਔਡੀਟੋਰੀਅਮ ਵਿਚ ਸੂਬਾ ਪੱਧਰੀ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਬੋਰਡ ਦੇ ਚੇਅਰਮੈਨ ਮਨਪ੍ਰੀਤ ਸਿੰਘ ਆਈ. ਏ. ਐੱਸ. ਨੇ ਬਤੌਰ ਮੁੱਖ ਮਹਿਮਾਨ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉੱਘੇ ਸਿੱਖਿਆ ਸ਼ਾਸਤਰੀ ਡਾ. ਕੁਲਦੀਪ ਸਿੰਘ ਅਤੇ ਅਰਥ-ਸ਼ਾਸਤਰੀ ਡਾ. ਗਿਆਨ ਸਿੰਘ ਨੇ ਬਤੌਰ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।

ਸੈਮੀਨਾਰ ਦਾ ਆਗਾਜ਼ ਨਿਸ਼ਾਨ-ਏ-ਸਿੱਖੀ ਦੇ ਧਰਮ ਅਧਿਐਨ ਦੇ ਵਿਦਿਆਰਥੀਆਂ ਨੇ ਆਰੰਭ ਵਿਚ ਗੁਰਬਾਣੀ ਵਿਚਲੇ ਪਾਣੀ ਦੀ ਅਹਿਮੀਅਤ ਦਰਸਾਉਂਦੇ ਰਸਭਿੰਨੇ ਸ਼ਬਦਾਂ ਦੇ ਗਾਇਨ ਨਾਲ ਕੀਤਾ। ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਸ਼ੰਗਾਰੀ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਸੰਬੋਧਨ ਕਰਦਿਆਂ ਮਨਪ੍ਰੀਤ ਸਿੰਘ




*ਸੰਸਾਰ ਪਾਣੀ ਦਿਹਾੜੇ 'ਤੇ ਰਾਜ ਪੱਧਰੀ ਸਮਾਗਮ ਮੌਕੇ ਆਈ. ਏ. ਐੱਸ. ਮਨਪ੍ਰੀਤ ਸਿੰਘ ਨੂੰ ਈਕੋ ਫਰੈਂਡਲੀ ਥੈਲਾ ਭੇਟ ਕਰਦੇ ਹੋਏ ਬਾਬਾ ਬਲਵਿੰਦਰ ਸਿੰਘ, ਪ੍ਰਿੰਸੀਪਲ ਡਾ. ਸੁਰਿੰਦਰ ਸ਼ੰਗਾਰੀ ਤੇ ਹੋਰ।*

ਆਈ. ਏ. ਐੱਸ. ਨੇ ਕਿਹਾ ਕਿ ਪਾਣੀ ਦੀ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ, ਜੋ ਕਿ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਖੇਤੀ ਅਤੇ ਸਨਅਤੀ ਖੇਤਰ ਵਿਚ ਪਾਣੀ ਦੀ ਵਰਤੋਂ ਸੰਜਮ ਨਾਲ ਕੀਤੇ ਬਿਨਾਂ ਇਹ ਸਮੱਸਿਆ ਹੱਲ ਨਹੀਂ ਹੋ ਸਕਦੀ ਅਤੇ ਘਰਾਂ ਵਿਚ ਵੀ ਇਸ ਗੱਲ ਦਾ ਖਾਸ ਖਿਆਲ ਰੱਖਣਾ ਲੋੜੀਂਦਾ ਹੈ। ਡਾ. ਗਿਆਨ ਸਿੰਘ ਨੇ ਪਾਣੀ ਦੇ ਪ੍ਰਦੂਸ਼ਣ ਅਤੇ ਇਸ ਸੰਬੰਧੀ ਪੈਦਾ ਹੋਏ ਸੰਕਟ ਪਿੱਛੇ ਕੁਦਰਤ-ਵਿਰੋਧੀ ਵਿਕਾਸ ਮਾਡਲ ਨੂੰ ਉੱਤਰਦਾਈ ਮੰਨਿਆ ਅਤੇ ਇਸ ਦੇ ਪਿਛੋਕੜ 'ਤੇ ਚਾਨਣਾ ਪਾਇਆ। ਡਾ. ਕੁਲਦੀਪ ਸਿੰਘ ਨੇ ਵਿਚਾਰ ਪ੍ਰਗਟਾਉਂਦਿਆਂ ਕਿਹਾ ਕਿ ਜਦੋਂ ਬੰਦਾ ਕੁਦਰਤ ਨਾਲੋਂ ਆਪਣਾ ਸਬੰਧ ਤੋੜਦਾ ਹੈ, ਉਦੋਂ ਕੁਦਰਤ ਤਬਾਹੀ ਲਿਆਉਂਦੀ ਹੈ। ਕਾਰਸੇਵਾ ਖਡੂਰ ਸਾਹਿਬ ਵਲੋਂ ਬਾਬਾ ਬਲਵਿੰਦਰ ਸਿੰਘ ਨੇ ਮੁੱਖ ਮਹਿਮਾਨ ਨੂੰ ਕਾਰਸੇਵਾ ਖਡੂਰ ਸਾਹਿਬ ਵਲੋਂ ਬੀ. ਐੱਡ ਕਾਲਜ ਖਡੂਰ ਸਾਹਿਬ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਤਿਆਰ ਕੀਤੇ ਈਕੋ-ਫਰੈਂਡਲੀ ਥੈਲਾ ਭੇਟ ਕੀਤਾ। ਮਨਪ੍ਰੀਤ ਸਿੰਘ ਨੇ ਇਸ ਉੱਦਮ ਤੋਂ ਪ੍ਰਭਾਵਿਤ ਹੋ ਕੇ ਇਸ ਕਾਰਜ ਦਾ ਘੇਰਾ ਹੋਰ ਵਧਾਉਣ ਲਈ 1 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਬੋਰਡ ਦੇ ਵਿਗਿਆਨਕ ਅਫਸਰ ਅਤੇ ਪਬਲਿਕ ਰਿਲੇਸ਼ਨ ਅਫਸਰ ਡਾ. ਚਰਨਜੀਤ ਸਿੰਘ ਨਾਭਾ ਨੇ ਜਿਥੇ ਮੰਚ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਮੌਕੇ ਬੋਰਡ ਦੇ ਮੁੱਖ ਵਾਤਾਵਰਣ ਇੰਜੀਨੀਅਰ ਜੀ. ਐੱਸ. ਮਜੀਠੀਆ, ਬੋਰਡ ਦੇ ਕਾਰਜਕਾਰੀ ਇੰਜੀਨੀਅਰ ਕੁਲਦੀਪ ਸਿੰਘ, ਸੀਨੀਅਰ ਵਾਤਾਵਰਣ ਇੰਜੀਨੀਅਰ ਕੁਲਵੰਤ ਸਿੰਘ, ਬੋਰਡ ਦੇ ਮੈਂਬਰ ਸਕੱਤਰ ਡਾ. ਬਾਬੂ ਰਾਮ, ਬਾਬਾ ਬਲਦੇਵ ਸਿੰਘ, ਟਰੱਸਟ ਦੇ ਸਕੱਤਰ ਅਵਤਾਰ ਸਿੰਘ ਬਾਜਵਾ, ਪਿਆਰਾ ਸਿੰਘ, ਵਰਿਆਮ ਸਿੰਘ, ਡਾ. ਕੰਵਲਜੀਤ ਸਿੰਘ, ਡਾ. ਕੁਲਦੀਪ ਸਿੰਘ, ਡਾ. ਕਮਲਜੀਤ ਸਿੰਘ, ਪ੍ਰੋ. ਸਿਮਰਪ੍ਰੀਤ ਕੌਰ, ਸਕੂਲ ਡਾਇਰੈਕਟਰ ਗੁਰਦਿਆਲ ਸਿੰਘ ਗਿੱਲ ਤੋਂ ਇਲਾਵਾ ਕਾਰਸੇਵਾ ਖਡੂਰ ਸਾਹਿਬ ਅਧੀਨ ਚਲਦੇ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਤੇ ਅਧਿਆਪਕ ਸਾਹਿਬਾਨ ਵੀ ਹਾਜ਼ਰ ਸਨ।

# खडूर साहिब में राज्य स्तरीय पानी बचाओ सेमिनार आयोजित




श्री गुरु अंगद देव कॉलेज खडूर साहिब में पानी बचाओ सेमिनार के दौरान पहुंचे मुख्य महमानों को सम्मानित करते बाबा बलविंदर सिंह।

भास्कर न्यूज़। तरनतारन

पंजाब प्रदूषण कंट्रोल बोर्ड की ओर से कार सेवा खडूर साहिब और निशान-ए-सिखी चेरिटेबल ट्रस्ट के सहयोग से श्री गुरु अंगद देव कॉलेज खडूर साहिब में राज्य स्तरीय पानी बचाओ सेमिनार आयोजित किया गया। इसमें बोर्ड के चेयरमैन मनप्रीत सिंह, पटियाला यूनिवर्सिटी के शिक्षा शास्त्री डॉक्टर कुलदीप सिंह और अर्थ शास्त्री डॉ. ज्ञान सिंह विशेष तौर पर शामिल हुए। सेमिनार की शुरुआत कॉलेज के स्टूडेंट्स की ओर से धार्मिक शबद गायन कर की गई। समागम को संबोधित करते चेयरमैन मनप्रीत सिंह ने कहा कि पानी की समस्या दिन-ब-दिन गंभीर होती जा रही है, जो कि चिंता का विषय है। इस समस्या को हल करने के लिए सभी को पानी का संयम से इस्तेमाल करना होगा। उन्होंने कहा कि आज कर घरों का कूड़ा-कर्कट इतना बढ़ गया है कि इसके लिए सामजिक लहर पैदा करना जरूरी बन गया है।

इस मौके कॉलेज के स्टूडेंट्स ने धीयां बचाओ रुख लगाओ और पानी का सत्कार करो गीत गाकर सभी का मनमोह लिया। इस अवसर पर बाबा बलविंदर सिंह, प्रिंसीपल सुरिंदर बंगड़, डॉ. बाबू राम, स्कूल डायरेक्टर गुरदियाल सिंह आदि मौजूद थे।

# ਵਿਸ਼ਵ ਜਲ ਦਿਵਸ ਸਬੰਧੀ ਰਾਜ ਪੱਧਰੀ ਸੈਮੀਨਾਰ

## ਕੁਦਰਤ ਨਾਲ ਛੇੜਛਾੜ ਕਾਰਨ ਪਾਣੀ ਦਾ ਸੰਕਟ ਵਧਿਆ; ਮਾਹਿਰਾਂ ਵਲੋਂ ਪਾਣੀ ਦੀ ਘਾਟ ਕਾਰਨ ਤੀਜੀ ਆਲਮੀ ਜੰਗ ਹੋਣ ਦਾ ਖ਼ਦਸ਼ਾ ਜ਼ਾਹਰ

ਪੱਤਰ ਪ੍ਰੇਰਕ

**ਖਡੂਰ ਸਾਹਿਬ, 21 ਮਾਰਚ**

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਕਾਰ ਸੇਵਾ ਖਡੂਰ ਸਾਹਿਬ ਅਤੇ ਨਿਸ਼ਾਨ-ਏ-ਸਿੱਖੀ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਵਿਸ਼ਵ ਜਲ ਦਿਵਸ ਮੌਕੇ 'ਪਾਣੀ ਅਤੇ ਕੁਦਰਤ-ਪੱਖੀ ਵਿਕਾਸ' ਵਿਸ਼ੇ 'ਤੇ ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਵਿਖੇ ਰਾਜ ਪੱਧਰੀ ਸੈਮੀਨਾਰ ਕਰਵਾਇਆ ਗਿਆ ਜਿਸ ਵਿਚ ਬੋਰਡ ਦੇ ਚੇਅਰਮੈਨ ਮਨਪ੍ਰੀਤ ਸਿੰਘ ਨੇ ਬਤੌਰ ਮੁੱਖ ਮਹਿਮਾਨ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਘੇ ਸਿੱਖਿਆ ਸ਼ਾਸਤਰੀ ਡਾ. ਕੁਲਦੀਪ ਸਿੰਘ ਅਤੇ ਅਰਥਸ਼ਾਸਤਰੀ ਡਾ. ਗਿਆਨ ਸਿੰਘ ਨੇ ਬਤੌਰ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਸੰਗਰ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਵਲੋਂ ਪਾਣੀ ਵਰਗੀ ਬੇਸ਼ਕੀਮਤੀ ਕੁਦਰਤੀ ਸਰੋਤ ਦੀ ਰਾਖੀ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ ਗਈ।

ਚੇਅਰਮੈਨ ਮਨਪ੍ਰੀਤ ਸਿੰਘ ਨੇ ਕਿਹਾ ਕਿ ਪਾਣੀ ਦੀ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਖੇਤੀ ਅਤੇ ਸਨਅਤੀ ਖੇਤਰ ਵਿਚ ਪਾਣੀ ਦੀ ਵਰਤੋਂ ਸੰਜਮ ਨਾਲ ਕੀਤੇ ਬਿਨਾਂ ਇਹ ਸਮੱਸਿਆ ਹੱਲ ਨਹੀਂ ਹੋ ਸਕਦੀ ਅਤੇ ਘਰਾਂ ਵਿਚ ਵੀ ਇਸ ਗੱਲ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ। ਡਾ. ਗਿਆਨ ਸਿੰਘ ਨੇ ਪਾਣੀ ਦੇ ਪ੍ਰਦੂਸ਼ਣ ਅਤੇ ਇਸ ਸਬੰਧੀ ਪੈਦਾ ਹੋਏ ਸੰਕਟ ਪਿੱਛੇ ਕੁਦਰਤ-ਵਿਰੋਧੀ ਵਿਕਾਸ ਮਾਡਲ ਨੂੰ ਜ਼ਿੰਮੇਵਾਰ ਮੰਨਦਿਆਂ ਇਸ ਦੇ ਪਿਛੋਕੜ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਦੇਸ਼ ਨੂੰ ਅਨਾਜ ਪੱਖੋਂ ਸਵੈ-ਨਿਰਭਰ ਬਣਾਉਣ ਲਈ ਪੰਜਾਬ ਦੇ ਅਨਮੋਲ ਕੁਦਰਤੀ ਸਾਧਨਾਂ ਦੀ ਅੰਨ੍ਹੀ ਦੁਰਵਰਤੋਂ ਅਤੇ ਖਾਦਾਂ ਦੀ ਵਰਤੋਂ ਨੂੰ ਉਤਸ਼ਾਹਤ ਕੀਤਾ ਜਿਸ ਦੇ ਸਿੱਟੇ ਵਜੋਂ ਪੰਜਾਬ ਜਿਥੇ ਪਾਣੀ ਦੇ ਮਾਮਲੇ ਵਿਚ ਕੰਗਾਲ ਹੋ ਗਿਆ ਹੈ, ਉਥੇ ਇਸ ਦੇ ਵਾਸੀ ਸਰੀਰਕ ਬਿਮਾਰੀਆਂ ਤੋਂ ਪੀੜਤ ਹਨ। ਡਾ. ਕੁਲਦੀਪ ਸਿੰਘ ਨੇ ਵਿਚਾਰ ਪ੍ਰਗਟਾਉਂਦਿਆਂ ਕਿਹਾ ਕਿ ਜਦੋਂ ਬੰਦਾ ਕੁਦਰਤ ਨਾਲੋਂ ਆਪਣਾ ਸਬੰਧ ਤੋੜਦਾ ਹੈ, ਉਦੋਂ ਕੁਦਰਤ ਤਬਾਹੀ ਲਿਆਉਂਦੀ ਹੈ। ਉਨ੍ਹਾਂ ਨੇ ਕਿਹਾ ਕਿ 20ਵੀਂ ਸਦੀ ਵਿਚ ਵੱਖ-ਵੱਖ ਦੇਸ਼ਾਂ ਵਿਚਕਾਰ ਖਣਿਜ ਤੇਲ ਨੂੰ ਲੈ ਕੇ ਜੰਗ ਹੋਈ ਹੈ ਅਤੇ 21ਵੀਂ ਸਦੀ ਵਿਚ ਪਾਣੀ ਨੂੰ ਲੈ ਕੇ ਹੋਵੇਗੀ ਜੋ ਕਿ ਤੀਜੀ ਆਲਮੀ ਜੰਗ ਦਾ ਰੂਪ ਧਾਰਨ ਕਰ ਸਕਦੀ ਹੈ।



ਸਮਾਗਮ ਦੌਰਾਨ ਮੁੱਖ ਮਹਿਮਾਨ ਮਨਪ੍ਰੀਤ ਸਿੰਘ,ਕਾਲਜ ਪ੍ਰਿੰਸੀਪਲ ਡਾ.ਸੁਰਿੰਦਰ ਸੰਗਰ ਅਤੇ ਹੋਰ।

ਬੋਰਡ ਦੇ ਮੁੱਖ ਵਾਤਾਵਰਨ ਇੰਜੀਨੀਅਰ ਜੀ.ਐਸ. ਮਜੀਠੀਆ ਨੇ ਆਏ ਪਤਵੰਤਿਆਂ ਨੂੰ ਧੰਨਵਾਦੀ ਸ਼ਬਦ ਕਹੇ। ਇਸ ਮੌਕੇ ਕਾਲਜ ਦੇ ਵਿਦਿਆਰਥੀ ਹਰਪਾਲ ਸਿੰਘ ਨੇ 'ਧੀਆਂ ਬਚਾਓ, ਰੁੱਖ ਲਗਾਓ, ਪਾਣੀ ਦਾ ਸਤਿਕਾਰ ਕਰੋ' ਵਰਗਾ ਪ੍ਰੇਰਨਾਦਾਇਕ ਗੀਤ ਪੇਸ਼ ਕੀਤਾ। ਬਾਬਾ ਬਲਵਿੰਦਰ ਸਿੰਘ ਨੇ ਮੁੱਖ ਮਹਿਮਾਨ ਨੂੰ ਕਾਰ ਸੇਵਾ ਖਡੂਰ ਸਾਹਿਬ ਵਲੋਂ ਬੀ.ਐਡ. ਕਾਲਜ ਖਡੂਰ ਸਾਹਿਬ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਤਿਆਰ ਕੀਤਾ ਈਕੋ ਫਰੈਂਡਲੀ ਥੈਲਾ ਭੇਟ ਕੀਤਾ। ਮਨਪ੍ਰੀਤ ਸਿੰਘ ਨੇ ਇਸ ਉੱਦਮ ਤੋਂ ਪ੍ਰਭਾਵਿਤ ਹੋ ਕੇ ਇਸ ਕਾਰਜ ਦਾ ਘੇਰਾ ਹੋਰ ਵਧਾਉਣ ਲਈ ਇਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਬੋਰਡ ਦੇ ਵਿਗਿਆਨਕ ਅਫਸਰ ਡਾ. ਚਰਨਜੀਤ ਸਿੰਘ ਨਾਭਾ ਨੇ ਮੰਚ ਸੰਚਾਲਨ ਕੀਤਾ। ਇਸ ਮੌਕੇ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਕੁਲਦੀਪ ਸਿੰਘ, ਸੀਨੀਅਰ ਵਾਤਾਵਰਨ ਇੰਜੀਨੀਅਰ ਕੁਲਵੰਤ ਸਿੰਘ, ਬੋਰਡ ਦੇ ਮੈਂਬਰ ਸਕੱਤਰ ਡਾ. ਬਾਬੂ ਰਾਮ ਤੇ ਹੋਰ ਹਾਜ਼ਰ ਸਨ।